# ਪੰਜਾਬ ਸਕੂਲ ਸਿੱਖਿਆ ਬੋਰਡ
## (ਪ੍ਰੈੱਸ ਨੋਟ)

### ਸਿੱਖਿਆ ਬੋਰਡ ਵੱਲੋਂ ਮਾਰਚ 2019 ਦੀਆਂ ਸਲਾਨਾ ਪ੍ਰੀਖਿਆਵਾਂ ਲਈ ਫ਼ੀਸਾਂ ਦਾ ਸ਼ਡਿਊਲ ਜਾਰੀ

ਐੱਸ.ਏ.ਐੱਸ. ਨਗਰ 25 ਅਕਤੂਬਰ (   ) ਪੰਜਾਬ ਸਕੂਲ ਸਿੱਖਿਆ ਬੋਰਡ ਦੇ ਸਕੱਤਰ ਵੱਲੋਂ ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਗਿਆ ਕਿ ਮਾਰਚ 2019 ਵਿੱਚ ਹੋਣ ਵਾਲੀਆਂ ਦਸਵੀਂ ਅਤੇ ਬਾਰ੍ਹਵੀਂ ਜਮਾਤ ਦੀਆਂ ਸਲਾਨਾ ਪ੍ਰੀਖਿਆਵਾਂ (ਸਮੇਤ ਓਪਨ ਸਕੂਲ) ਲਈ ਕੰਪਾਰਟਮੈਂਟ, ਰੀਅਪੀਅਰ, ਵਾਧੂ ਵਿਸ਼ਾ, ਕਾਰਗੁਜ਼ਾਰੀ ਵਧਾਉਣ ਲਈ ਕੈਟਾਗਰੀਆਂ ਵਿੱਚ ਅਪੀਅਰ ਹੋਣ ਵਾਲੇ ਉਮੀਦਵਾਰਾਂ ਲਈ ਫ਼ੀਸਾਂ ਦਾ ਸ਼ਡਿਊਲ ਜਾਰੀ ਕਰ ਦਿੱਤਾ ਗਿਆ ਹੈ।

ਬੋਰਡ ਦੇ ਸਕੱਤਰ ਵੱਲੋਂ ਹੋਰ ਜਾਣਕਾਰੀ ਦਿੰਦਿਆਂ ਕਿਹਾ ਗਿਆ ਕਿ ਇਨ੍ਹਾਂ ਪ੍ਰੀਖਿਆਵਾਂ ਲਈ ਦਸਵੀਂ ਜਮਾਤ ਦੇ ਰੀ-ਅਪੀਅਰ ਵਾਧੂ ਵਿਸ਼ੇ ਲਈ 1050 ਰੁਪਏ ਤੇ ਕਾਰਗੁਜਾਰੀ ਵਧਾਉਣ ਲਈ 1700 ਰੁਪਏ ਫ਼ੀਸ ਨਿਰਧਾਰਤ ਕੀਤੀ ਗਈ ਹੈ। ਇਸੇ ਤਰਾਂ ਬਾਰ੍ਹਵੀਂ ਜਮਾਤ ਦੇ ਰੀ-ਅਪੀਅਰ, ਕੰਪਾਰਟਮੈਂਟ, ਵਾਧੂ ਵਿਸ਼ੇ ਲਈ 1350 ਰੁਪਏ ਅਤੇ ਕਾਰਗੁਜਾਰੀ ਵਧਾਉਣ ਲਈ 2000 ਰੁਪਏ ਫ਼ੀਸ ਨਿਰਧਾਰਤ ਕੀਤੀ ਗਈ ਹੈ।

ਬੋਰਡ ਸਕੱਤਰ ਨੇ ਜਾਣਕਾਰੀ ਦਿੰਦਿਆਂ ਇਹ ਵੀ ਦੱਸਿਆ ਕਿ ਦੋਵਾਂ ਜਮਾਤਾਂ ਲਈ ਬਿਨਾਂ ਲੇਟ ਫੀਸ ਪ੍ਰੀਖਿਆ ਫਾਰਮ/ਚਲਾਨ ਜਨਰੇਟ ਕਰਨ ਦੀ ਅੰਤਿਮ ਮਿਤੀ 15 ਨਵੰਬਰ, ਬੈਂਕ ਵਿੱਚ ਫ਼ੀਸ ਜਮ੍ਹਾਂ ਕਰਵਾਉਣ ਦੀ ਅੰਤਿਮ ਮਿਤੀ 22 ਨਵੰਬਰ ਤੇ ਖੇਤਰੀ ਦਫ਼ਤਰਾਂ ਵਿੱਚ ਪ੍ਰੀਖਿਆ ਫ਼ਾਰਮ ਜਮ੍ਹਾਂ ਕਰਵਾਉਣ ਦੀ ਅੰਤਿਮ ਮਿਤੀ 30 ਨਵੰਬਰ ਹੋਵੇਗੀ। ਇਸ ਉਪਰੰਤ 500 ਰੁਪਏ ਲੇਟ ਫ਼ੀਸ ਨਾਲ ਪ੍ਰੀਖਿਆ ਫਾਰਮ/ਚਲਾਨ ਜਨਰੇਟ ਕਰਨ ਦੀ ਅੰਤਿਮ ਮਿਤੀ 27 ਨਵੰਬਰ, ਬੈਂਕ ਵਿੱਚ ਫ਼ੀਸ ਜਮ੍ਹਾਂ ਕਰਵਾਉਣ ਦੀ ਅੰਤਿਮ ਮਿਤੀ 03 ਦਸੰਬਰ ਤੇ ਖੇਤਰੀ ਦਫ਼ਤਰਾਂ ਵਿੱਚ ਪ੍ਰੀਖਿਆ ਫ਼ਾਰਮ ਜਮ੍ਹਾਂ ਕਰਵਾਉਣ ਦੀ ਅੰਤਿਮ ਮਿਤੀ 14 ਦਸੰਬਰ ਹੋਵੇਗੀ। 1000 ਰੁਪਏ ਲੇਟ ਫ਼ੀਸ ਨਾਲ ਪ੍ਰੀਖਿਆ ਫਾਰਮ/ਚਲਾਨ ਜਨਰੇਟ ਕਰਨ ਦੀ ਅੰਤਿਮ ਮਿਤੀ 12 ਦਸੰਬਰ, ਬੈਂਕ ਵਿੱਚ ਫ਼ੀਸ ਜਮ੍ਹਾਂ ਕਰਵਾਉਣ ਦੀ ਅੰਤਿਮ ਮਿਤੀ 20 ਦਸੰਬਰ ਤੇ ਪ੍ਰੀਖਿਆ ਫ਼ਾਰਮ ਜਮ੍ਹਾਂ ਕਰਵਾਉਣ ਦੀ ਅੰਤਿਮ ਮਿਤੀ 3 ਜਨਵਰੀ 2019 ਹੋਵੇਗੀ। ਇਹ ਫ਼ਾਰਮ ਕੇਵਲ ਮੁੱਖ ਦਫ਼ਤਰ ਵਿਖੇ ਹੀ ਜਮ੍ਹਾਂ ਕਰਵਾਏ ਜਾ ਸਕਣਗੇ। ਜੇਕਰ ਕੋਈ ਉਮੀਦਵਾਰ ਫੇਰ ਵੀ ਫ਼ੀਸ ਭਰਨ ਤੋਂ ਰਹਿ ਜਾਂਦਾ ਹੈ ਤਾਂ ਉਹ 2000 ਰੁਪਏ ਲੇਟ ਫੀਸ ਨਾਲ 20 ਦਸੰਬਰ ਤੱਕ ਪ੍ਰੀਖਿਆ ਫਾਰਮ/ਚਲਾਨ ਜਨਰੇਟ ਕਰਕੇ 3 ਜਨਵਰੀ 2019 ਤੱਕ ਬੈਂਕ ਵਿੱਚ ਫ਼ੀਸ ਜਮ੍ਹਾਂ ਕਰਵਾਉਣ ਉਪਰੰਤ ਕੇਵਲ ਮੁੱਖ ਦਫ਼ਤਰ ਵਿਖੇ 10 ਜਨਵਰੀ 2019 ਤੱਕ ਆਪਣਾ ਪ੍ਰੀਖਿਆ ਫ਼ਾਰਮ ਜਮ੍ਹਾਂ ਕਰਵਾ ਸਕਦਾ ਹੈ।

ਬੋਰਡ ਸਕੱਤਰ ਨੇ ਇਸ ਸਬੰਧੀ ਹੋਰ ਵੇਰਵਾ ਦਿੰਦਿਆਂ ਕਿਹਾ ਕਿ ਇਨ੍ਹਾਂ ਪ੍ਰੀਖਿਆਵਾਂ ਸਬੰਧੀ ਰੋਲ ਨੰਬਰ ਕੇਵਲ ਬੋਰਡ ਦੀ ਵੈੱਬਸਾਈਟ ਤੇ ਹੀ ਉਪਲਬਧ ਕਰਵਾਏ ਜਾਣਗੇ ਅਤੇ ਡਾਕ ਰਾਹੀਂ ਕੋਈ ਰੋਲ ਨੰਬਰ ਨਹੀਂ ਭੇਜਿਆ ਜਾਵੇਗਾ। ਪ੍ਰੀਖਿਆ ਫ਼ੀਸ ਪੰਜਾਬ ਨੈਸ਼ਨਲ ਬੈਂਕ ਅਤੇ ਸਟੇਟ ਬੈਂਕ ਆਫ਼ ਇੰਡੀਆ ਵਿਖੇ ਚਲਾਨ ਰਾਹੀਂ ਜਮ੍ਹਾਂ ਕਰਵਾਈ ਜਾ ਸਕਦੀ ਹੈ। ਪ੍ਰੀਖਿਆ ਫ਼ੀਸਾ ਅਤੇ ਹੋਰ ਜਾਣਕਾਰੀ ਲਈ ਪ੍ਰੋਸਪੈਕਟਸ ਅਤੇ ਪ੍ਰੀਖਿਆ ਫ਼ਾਰਮ ਬੋਰਡ ਦੀ ਵੈੱਬਸਾਈਟ **www.pseb.ac.in** ਤੇ ਛੇਤੀ ਹੀ ਉਪਲਬਧ ਕਰਵਾਈ ਜਾਵੇਗੀ।

ਮਿਤੀ:-25-10-2018

ਕੋਮਲ ਸਿੰਘ (ਲੋਕ ਸੰਪਰਕ ਦਫ਼ਤਰ)
ਪੰਜਾਬ ਸਕੂਲ ਸਿੱਖਿਆ ਬੋਰਡ।

Scanned by CamScanner